# ਦਫਤਰ ਜਿਲਾ ਮੈਜਿਸਟਰੇਟ, ਰੂਪਨਗਰ।

(ਫੁਟਕਲ ਸ਼ਾਖਾ)

**ਹੁਕਮ:-**

ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਦੇ ਅਧਿਸੂਚਨਾ ਨੰ: (1)-6-35/86-3 ਐਚ.ਬੀ.6/19528 ਮਿਤੀ 4/7/1995 ਅਤੇ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਨੰ: 5/27/2018-3/ ਐਚ.4/1240039/1 ਮਿਤੀ 22-05-2018 ਰਾਹੀਂ ਮੈਨੂੰ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਮੈਂ ਕੰਵਲਪ੍ਰੀਤ ਬਰਾੜ, ਆਈ.ਏ.ਐਸ., ਡਿਪਟੀ ਕਮਿਸ਼ਨਰ, ਰੂਪਨਗਰ ਹੈਜੇ ਦੀ ਰੋਕਥਾਮ ਲਈ ਜਿਲ੍ਹਾ ਰੂਪਨਗਰ ਵਿਖੇ ਹੇਠ ਲਿਖੇ ਹੁਕਮ ਜਾਰੀ ਕਰਦੀ ਹਾਂ।

1. ਸਾਰੀ ਕਿਸਮ ਦੀਆਂ ਮਠਿਆਈਆਂ, ਕੇਕ, ਬਰੈਡ, ਖੁਰਾਕ ਸਬੰਧੀ ਸਾਰੀਆਂ ਵਸਤਾਂ ਜਿਸ ਵਿੱਚ ਲੱਸੀ, ਸ਼ਰਬਤ, ਗੰਨੇ ਦਾ ਰਸ ਆਦਿ ਵੇਚਣ ਦੀ ਮਨਾਹੀ ਕਰਦੀ ਹਾਂ ਜਦੋ ਤੱਕ ਇਹ ਸ਼ੀਸ਼ੇ ਦੀ ਅਲਮਾਰੀ ਵਿੱਚ ਰੱਖੀਆਂ/ਢੱਕੀਆਂ ਨਾ ਹੋਣ।
2. ਜਿਆਦਾ ਪੱਕੇ, ਘੱਟ ਪੱਕੇ, ਕੱਟੇ ਹੋਏ ਫਲ, ਸਬਜੀਆਂ ਵੇਚਣ ਦੀ ਮਨਾਹੀ ਕਰਦੀ ਹਾਂ।
3. ਬਰਫ, ਆਈਸ ਕਰੀਮ, ਕੈਂਡੀ, ਸੋਡਾ (ਖਾਰਾ, ਮਿੱਠਾ) ਵੇਚਣ, ਬਾਹਰੋ ਲਿਆਉਣਾ, ਭੇਜਣ ਦੀ ਮਨਾਹੀ ਕਰਦੀ ਹਾਂ ਜਦੋਂ ਤੱਕ ਇਹਨਾਂ ਵਸਤਾਂ ਨੂੰ ਤਿਆਰ ਕਰਨ ਲਈ ਲਿਆਂਦਾ ਪਾਣੀ ਬੈਕਟੀਰੀਆਲੋਜਿਸਟ ਪੰਜਾਬ ਵੱਲੋਂ ਪਾਸ ਨਾ ਕੀਤਾ ਗਿਆ ਹੋਵੇ।
4. ਨਗਰ ਕੌਂਸਲ, ਜਨ ਸਿਹਤ ਪਬਲਿਕ ਨੂੰ ਪੀਣ ਲਈ ਸਪਲਾਈ ਕੀਤੇ ਜਾਣ ਵਾਲੇ ਪਾਣੀ ਨੂੰ ਕਲੋਰੀਨੇਟ ਕਰਕੇ ਸਪਲਾਈ ਕੀਤਾ ਜਾਵੇ।
5. ਕਿਸੇ ਵੀ ਪਿੰਡ, ਕਸਬੇ, ਸ਼ਹਿਰੀ ਇਲਾਕੇ ਵਿੱਚ ਹੈਜਾ ਹੋਣ ਦੀ ਸੂਰਤ ਵਿੱਚ ਸਬੰਧਤ ਏਰੀਆ ਦੇ ਵਸਨੀਕ ਤੁਰੰਤ ਹੈਜੇ ਸਬੰਧੀ ਜਾਣਕਾਰੀ ਲਈ ਨੇੜੇ ਦੀ ਸਿਹਤ ਸੰਸਥਾ ਨਾਲ ਸੰਪਰਕ ਕਰਨ।
6. ਸਿਵਲ ਸਰਜਨ, ਸਹਾਇਕ ਸਿਵਲ ਸਰਜਨ, ਜਿਲ੍ਹਾ ਸਿਹਤ ਅਫਸਰ, ਜਿਲ੍ਹਾ ਐਪੀਡੀਮਾਲੋਜਿਸਟ, ਏ.ਐਮ.ਓ, ਏ.ਯੂ.ਓ., ਸਮੂਹ ਨਗਰ ਕੌਂਸਲ ਦੇ ਮੈਡੀਕਲ ਅਫਸਰ ਆਫ ਹੈਲਥ ਸਮੂਹ ਮੈਡੀਕਲ ਅਫਸਰ, ਸਿਹਤ ਸੇਵਾਵਾਂ, ਸੈਨੇਟਰੀ ਇੰਸਪੈਕਟਰ, ਫੂਡ ਇੰਸਪੈਕਟਰ, ਮਲਟੀ ਪਰਪਜ ਹੈਲਥ ਸੁਪਰਵਾਈਜਰ, ਸਮੂਹ ਮੈਡੀਕਲ ਅਫਸਰ ਇੰ: ਮੁਢਲਾ ਸਿਹਤ ਕੇਂਦਰ/ਸਿਵਲ ਹਸਪਤਾਲ, ਮੈਜਿਸਟਰੇਟ ਪਹਿਲਾ ਦਰਜਾ ਰੂਪਨਗਰ ਜਿਲ੍ਹੇ ਵਿੱਚ ਕੰਮ ਕਰਦੇ ਹਨ, ਨੂੰ ਆਪਣੇ ਆਪਣੇ ਖੇਤਰ ਵਿੱਚ ਮਾਰਕੀਟ, ਦੁਕਾਨਾਂ ਅਤੇ ਖੁਰਾਕ ਸਬੰਧੀ ਕਾਰਖਾਨਿਆਂ ਵਿੱਚ ਦਾਖਲ ਹੋਣ/ਜਾਣ ਅਤੇ ਮੁਆਇਨਾ/ਚੈਕ ਕਰਨ ਅਤੇ ਖਾਣ-ਪੀਣ ਸਬੰਧੀ ਵਸਤਾਂ ਚੈਕ ਕਰਨ ਜਿਹੜੀਆਂ ਮਨੁੱਖਤਾ ਦੀ ਵਰਤੋਂ ਲਈ ਹਾਨੀਕਾਰਕ ਹੋਣ/ਸਮਝੀਆਂ ਜਾਣ ਉਹਨਾਂ ਨੂੰ ਬੰਦ ਕਰਨ,ਜਾਇਆ ਕਰਨ ਵੇਚਣ ਤੋਂ ਮਨਾਹੀ ਅਤੇ ਸਬੰਧਤ ਮਾਲਕ ਦੇ ਚਲਾਨ ਕਰਨ ਦੇ ਅਧਿਕਾਰ ਦਿੰਦੀ ਹਾਂ।ਵੇਚਣ ਸ਼ਬਦ ਦੇ ਅਰਥ ਵਿੱਚ ਮੁਫਤ ਵਰਤੀਆਂ ਜਾਣ ਵਾਲੀਆਂ ਵਸਤਾਂ/ਚੀਜਾਂ ਵੀ ਸ਼ਾਮਲ ਹਨ। ਸਿਵਲ ਸਰਜਨ,ਰੂਪਨਗਰ ਨੂੰ ਜਿੱਥੇ ਉਹ ਠੀਕ ਸਮਝਣ ਮੈਡੀਕਲ ਚੈਕ ਅੱਪ ਪੋਸਟਾਂ, ਹੈਜੇ ਦੀਆਂ ਚੈਕ ਅੱਪ ਪੋਸਟਾਂ ਲਾਉਣ ਦੇ ਅਧਿਕਾਰ ਦਿੰਦੀ ਹਾਂ। ਮੈਡੀਕਲ ਚੈਕ ਪੋਸਟ/ਹੈਜਾ ਚੈਕ ਪੋਸਟਾਂ ਦੇ ਆਏ ਅਧਿਕਾਰੀ/ਕਰਮਚਾਰੀਆਂ ਨੂੰ ਗੱਡੀਆਂ ਰੋਕਣ ਅਤੇ ਸਵਾਰੀਆਂ ਚੈਕ ਕਰਨ ਦੇ ਅਧਿਕਾਰ ਦਿੰਦੀ ਹਾਂ।

ਇਹ ਹੁਕਮ ਤੁਰੰਤ ਲਾਗੂ ਸਮਝੇ ਜਾਣ ਅਤੇ **ਮਿਤੀ 31-12-2018 ਤੱਕ** ਲਾਗੂ ਰਹਿਣਗੇ।

ਸਹੀ/-
ਜਿਲ੍ਹਾ ਮੈਜਿਸਟਰੇਟ,
ਰੂਪਨਗਰ।

ਪਿੱਠ ਅੰਕਣ ਨੰ: 14807-301/ਫਸ-1 ਮਿਤੀ 20-6-18

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ,ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ,ਪੰਜਾਬ,ਚੰਡੀਗੜ੍ਹ।
3. ਡਾਇਰੈਕਟਰ,ਸਿਹਤ ਤੇ ਪਰਿਵਾਰ ਭਲਾਈ ਪੰਜਾਬ, ਚੰਡੀਗੜ੍ਹ
4. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
5. ਡੀ.ਆਈ.ਜੀ., ਰੂਪਨਗਰ ਰੇਂਜ, ਰੂਪਨਗਰ।
6. ਡੀ.ਆਈ.ਜੀ., ਸੀ.ਆਈ.ਡੀ., ਪੰਜਾਬ, ਚੰਡੀਗੜ੍ਹ।
7. ਸਮੂਹ ਜਿਲ੍ਹਾ ਮੈਜਿਸਟਰੇਟ, ਅਜੀਤਗੜ੍ਹ (ਮੋਹਾਲੀ), ਪਟਿਆਲਾ, ਫਤਿਹਗੜ੍ਹ ਸਾਹਿਬ, ਸੰਗਰੂਰ ਬਰਨਾਲਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਫਿਰੋਜਪੁਰ, ਮਾਨਸਾ, ਮੋਗਾ, ਲੁਧਿਆਣਾ,ਜਲੰਧਰ, ਕਪੂਰਥਲਾ, ਤਰਨਤਾਰਨ, ਅੰਮ੍ਰਿਤਸਰ, ਗੁਰਦਾਸਪੁਰ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ), ਫਾਜਿਲਕਾ, ਪਠਾਨਕੋਟ।
8. ਡਾਇਰੈਕਟਰ, ਆਲ ਇੰਡੀਆ ਰੇਡੀਓ, ਜਲੰਧਰ।
9. ਸੀਨੀਅਰ ਪੁਲਿਸ ਕਪਤਾਨ, ਰੂਪਨਗਰ (20 ਕਾਪੀਆਂ)
10. ਜਿਲ੍ਹਾ ਲੋਕ ਸੰਪਰਕ ਅਫਸਰ, ਰੂਪਨਗਰ (15 ਕਾਪੀਆਂ)
11. ਉਪ ਮੰਡਲ ਮੈਜਿਸਟਰੇਟ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ/ਮੋਰਿੰਡਾ
12. ਤਹਿਸੀਲਦਾਰ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ/ਮੋਰਿੰਡਾ
13. ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਰੂਪਨਗਰ/ਸ੍ਰੀ ਆਨੰਦਪੁਰ ਸਾਹਿਬ/ਨੂਰਪੁਰ ਬੇਦੀ/ਸ੍ਰੀ ਚਮਕੌਰ ਸਾਹਿਬ/ ਮੋਰਿੰਡਾ।
14. ਕਾਰਜ ਸਾਧਕ ਅਫਸਰ, ਨਗਰ ਕੌਂਸ਼ਲ, ਰੂਪਨਗਰ/ਮੋਰਿੰਡਾ/ ਸ੍ਰੀ ਆਨੰਦਪੁਰ ਸਾਹਿਬ/ਨੰਗਲ
15. ਕਾਰਜ ਸਾਧਕ ਅਫਸਰ ਨਗਰ ਪੰਚਾਇਤ ਸ੍ਰੀ ਚਮਕੌਰ ਸਾਹਿਬ/ਕੀਰਤਪੁਰ ਸਾਹਿਬ
16. ਸਿਵਲ ਸਰਜਨ, ਰੂਪਨਗਰ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।
17. ਜਿਲ੍ਹਾ ਸੂਚਨਾ ਅਫਸਰ,ਰੂਪਨਗਰ।
17. ਪੀ.ਏ. ਟੂ ਡੀ.ਐਮ.,/ਏ.ਡੀ.ਐਮ., ਰੂਪਨਗਰ।

ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਹਰਬੰਸ ਸਿੰਘ,ਪੀ.ਸੀ.ਐਸ.,
ਸਹਾਇਕ ਕਮਿਸ਼ਨਰ (ਜ)
ਰੂਪਨਗਰ।